ਪੀਪਾ ॥ ਕਾਯਉ ਦੇਵਾ ਕਾਇਅਉ ਦੇਵਲ ਕਾਇਅਉ ਜੰਗਮ ਜਾਤੀ ॥ ਕਾਇਅਉ ਧੂਪ ਦੀਪ ਨਈਬੇਦਾ ਕਾਇਅਉ ਪੂਜਉ ਪਾਤੀ ॥੧॥ ਕਾਇਆ ਬਹੁ ਖੰਡ ਖੋਜਤੇ ਨਵ ਨਿਧਿ ਪਾਈ ॥ ਨਾ ਕਛੁ ਆਇਬੋ ਨਾ ਕਛੁ ਜਾਇਬੋ ਰਾਮ ਕੀ ਦੁਹਾਈ ॥੧॥ ਰਹਾਉ ॥ ਜੋ ਬ੍ਰਹਮੰਡੇ ਸੋਈ ਪਿੰਡੇ ਜੋ ਖੋਜੈ ਸੋ ਪਾਵੈ ॥ ਪੀਪਾ ਪ੍ਰਣਵੈ ਪਰਮ ਤਤੁ ਹੈ ਸਤਿਗੁਰੁ ਹੋਇ ਲਖਾਵੈ ॥੨॥੩॥ {ਪੰਨਾ 695}

ਪਦਅਰਥ:- ਕਾਯਉ—ਕਾਯਾ ਹੀ, ਕਾਇਆਂ ਹੀ, ਸਰੀਰ। ਕਾਇਅਉ—ਕਾਇਆ ਹੀ। ਦੇਵਲ—{Skt. dyv+AwlX} ਦੇਵਾਲਾ, ਮੰਦਰ। ਜੰਗਮ—ਸ਼ਿਵ-ਉਪਾਸ਼ਕ ਰਮਤੇ ਜੋਗੀ, ਜਿਨ੍ਹਾਂ ਨੇ ਸਿਰ ਉਤੇ ਮੋਰਾਂ ਦੇ ਖੰਭ ਬੱਧੇ ਹੁੰਦੇ ਹਨ। ਜਾਤੀ—ਜਾਤ੍ਰੀ। ਨਈਬੇਦਾ—ਦੁੱਧ ਦੀ ਖੀਰ ਆਦਿਕ ਸੁਆਦਲੇ ਭੋਜਨ, ਜੋ ਮੂਰਤੀ ਦੀ ਭੇਟ ਕੀਤੇ ਜਾਣ। ਪੂਜਉ—ਮੈਂ ਪੂਜਦਾ ਹਾਂ। ਪਤੀ—ਪੱਤਰ (ਆਦਿਕ ਭੇਟ ਧਰ ਕੇ)।1।

ਬਹੁ ਖੰਡ—ਦੇਸ ਦੇਸਾਂਤਰ। ਨਵ ਨਿਧਿ—(ਨਾਮ-ਰੂਪ) ਨੌਂ ਖ਼ਜ਼ਾਨੇ। ਆਇਬੋ—ਜੰਮੇਗਾ। ਜਾਇਬੋ—ਮਰੇਗਾ। ਦੁਹਾਈ—ਤੇਜ ਪ੍ਰਤਾਪ।1। ਰਹਾਉ।

ਪਿੰਡੇ—ਸਰੀਰ ਵਿਚ। ਪਾਵੈ—ਲੱਭ ਲੈਂਦਾ ਹੈ। ਪ੍ਰਣਵੈ—ਬੇਨਤੀ ਕਰਦਾ ਹੈ। ਪਰਮ ਤਤੁ—ਪਰਮ ਆਤਮਾ, ਪਰਮਾਤਮਾ, ਸਭ ਤੋਂ ਵੱਡੀ ਅਸਲੀਅਤ, ਪਰਲੇ ਤੋਂ ਪਰਲਾ ਤੱਤ, ਸ੍ਰਿਸ਼ਟੀ ਦਾ ਅਸਲ ਸੋਮਾ। ਲਖਾਵੈ—ਜਣਾਉਂਦਾ ਹੈ।2।1।

ਅਰਥ:- ਦੇਸ ਦੇਸਾਂਤਰਾਂ ਨੂੰ ਖੋਜ ਕੇ (ਆਖ਼ਰ ਆਪਣੇ) ਸਰੀਰ ਦੇ ਅੰਦਰ ਹੀ ਮੈਂ ਪ੍ਰਭੂ ਦਾ ਨਾਮ-ਰੂਪ ਨੌਂ ਨਿਧੀ ਲੱਭ ਲਈ ਹੈ, (ਹੁਣ ਮੇਰੀ ਕਾਇਆਂ ਵਿਚ) ਪਰਮਾਤਮਾ (ਦੀ ਯਾਦ) ਦਾ ਹੀ ਤੇਜ-ਪ੍ਰਤਾਪ ਹੈ, (ਉਸ ਦੀ ਬਰਕਤਿ ਨਾਲ ਮੇਰੇ ਲਈ) ਨਾ ਕੁਝ ਜੰਮਦਾ ਹੈ ਨਾਹ ਮਰਦਾ ਹੈ (ਭਾਵ, ਮੇਰਾ ਜਨਮ ਮਰਨ ਮਿਟ ਗਿਆ ਹੈ)।1। ਰਹਾਉ।

(ਸੋ) ਕਾਇਆਂ (ਦੀ ਖੋਜ) ਹੀ ਮੇਰਾ ਦੇਵਤਾ ਹੈ (ਜਿਸ ਦੀ ਮੈਂ ਆਰਤੀ ਕਰਨੀ ਹੈ), ਸਰੀਰ (ਦੀ ਖੋਜ) ਹੀ ਮੇਰਾ ਮੰਦਰ ਹੈ (ਜਿਥੇ ਮੈਂ ਸਰੀਰ ਅੰਦਰ ਵੱਸਦੇ ਪ੍ਰਭੂ ਦੀ ਆਰਤੀ ਕਰਦਾ ਹਾਂ), ਕਾਇਆਂ (ਦੀ ਖੋਜ) ਹੀ ਮੈਂ ਜੰਗਮ ਅਤੇ ਜਾਤ੍ਰੂ ਲਈ (ਤੀਰਥ ਦੀ ਜਾਤ੍ਰਾ ਹੈ)। ਸਰੀਰ (ਦੀ ਖੋਜ) ਹੀ (ਮੇਰੇ ਵਾਸਤੇ ਮੇਰੇ ਅੰਦਰ ਵੱਸਦੇ ਦੇਵਤੇ ਲਈ) ਧੂਪ ਦੀਪ ਤੇ ਨੈਵੇਦ ਹੈ, ਕਾਇਆ ਦੀ ਖੋਜ (ਕਰ ਕੇ) ਹੀ, ਮੈਂ ਮਾਨੋ, ਪੱਤਰ ਭੇਟ ਰੱਖ ਕੇ (ਆਪਣੇ ਅੰਦਰ ਵੱਸਦੇ ਇਸ਼ਟ ਦੇਵ ਦੀ) ਪੂਜਾ ਕਰ ਰਿਹਾ ਹਾਂ।1।

ਪੀਪਾ ਬੇਨਤੀ ਕਰਦਾ ਹੈ—ਜੋ ਸ੍ਰਿਸ਼ਟੀ ਦਾ ਰਚਣਹਾਰ ਪਰਮਾਤਮਾ ਸਾਰੇ ਬ੍ਰਹਮੰਡ ਵਿਚ (ਵਿਆਪਕ) ਹੈ ਉਹੀ (ਮਨੁੱਖਾ) ਸਰੀਰ ਵਿਚ ਹੈ, ਜੋ ਮਨੁੱਖ ਖੋਜ ਕਰਦਾ ਹੈ ਉਹ ਉਸ ਨੂੰ ਲੱਭ ਲੈਂਦਾ ਹੈ, ਜੇ ਸਤਿਗੁਰੂ ਮਿਲ ਪਏ ਤਾਂ (ਅੰਦਰ ਹੀ) ਦਰਸ਼ਨ ਕਰਾ ਦੇਂਦਾ ਹੈ।2।1।

ਨੋਟ:- ਮੂਰਤੀ-ਪੂਜਾ ਦੇ ਘੁੱਪ ਹਨੇਰੇ ਵਿਚ ਕਿਤੇ ਟਾਵੇਂ ਟਾਵੇਂ ਪ੍ਰਭੂ-ਸਿਮਰਨ ਦੀ ਇਹ ਲੋ ਹੋ ਰਹੀ ਸੀ। ਸਤਿਗੁਰੂ ਨਾਨਕ ਦੇਵ ਜੀ ਨੇ ਭਾਰਤ ਦੇ ਸਾਰੇ ਉਹ ਅਸਥਾਨ ਫਿਰ ਕੇ ਵੇਖੇ ਜੋ ਧਰਮ-ਪ੍ਰਚਾਰ ਦਾ ਸੋਮਾ ਅਖਵਾਂਦੇ ਸਨ। ਇਹ ਭਗਤ ਆਪੋ ਆਪਣੇ ਵਤਨ ਵਿਚ ਬੈਠੇ ਕੁਰਾਹੇ ਜਾ ਰਹੇ ਬੰਦਿਆਂ ਨੂੰ ਪ੍ਰਭੂ-ਭਗਤੀ ਦਾ ਚਾਨਣ ਦੇਣ ਦੇ ਜਤਨ ਕਰਦੇ ਰਹੇ। ਇਹ ਹੋ ਨਹੀਂ ਸੀ ਸਕਦਾ ਕਿ ਰੱਬੀ ਨੂਰ ਦੇ ਆਸ਼ਿਕ ਸਤਿਗੁਰੂ ਜੀ ਦੀਆਂ ਨਜ਼ਰਾਂ ਤੋਂ ਉਹ ਚਾਨਣ, ਜਿਸ ਨੂੰ ਉਹ ਆਪ ਪਿਆਰ ਕਰਨ ਵਾਲੇ ਸਨ, ਉਹਲੇ ਰਹਿ ਜਾਂਦਾ, ਜਦੋਂ ਕਿ ਉਹ ਸਾਰੇ ਭਾਰਤ ਵਿਚ ਇਹੀ ਚਾਨਣ ਅਪੜਾਣ ਲਈ ਪੂਰੇ ਅੱਠ ਸਾਲ ਕਈ ਔਖ ਸਹਾਰ ਸਹਾਰ ਕੇ ਫਿਰਦੇ ਰਹੇ।

ਨੋਟ:- ਇਸ ਸ਼ਬਦ ਵਿਚ ਭਗਤ ਪੀਪਾ ਜੀ ਮੂਰਤੀ-ਪੂਜਾ ਦਾ ਖੰਡਨ ਕਰਦੇ ਹਨ ਤੇ ਆਖਦੇ ਹਨ ਕਿ ਮੰਦਰ ਵਿਚ ਅਸਥਾਪਨ ਕੀਤੇ ਦੇਵਤੇ ਨੂੰ ਧੂਪ, ਦੀਵੇ ਤੇ ਨਈਵੇਦ ਪੱਤ੍ਰ ਆਦਿਕਾਂ ਦੀ ਭੇਟ ਰੱਖ ਕੇ ਪੂਜਣ ਦੇ ਥਾਂ ਸਰੀਰ-ਮੰਦਰ ਵਿਚ ਵੱਸਦੇ ਰਾਮ ਨੂੰ ਸਿਮਰੋ।

ਹਰੇਕ ਸ਼ਬਦ ਦਾ ਮੁੱਖ ਭਾਵ 'ਰਹਾਉ' ਦੀ ਤੁਕ ਵਿਚ ਹੋਇਆ ਕਰਦਾ ਹੈ। ਸੋ, 'ਰਹਾਉ' ਦੀ ਤੁਕ ਤੋਂ ਸ਼ੁਰੂ ਕੀਤਿਆਂ ਭਗਤ ਪੀਪਾ ਜੀ ਦੇ ਸ਼ਬਦ ਦਾ ਭਾਵ ਇਉਂ ਬਣਦਾ ਹੈ—ਜਿਸ ਮਨੁੱਖ ਦੇ ਸਰੀਰ ਵਿਚ ਰਾਮ ਦੀ ਯਾਦ ਦੀ ਦੁਹਾਈ ਮੱਚ ਜਾਂਦੀ ਹੈ, ਉਹ ਦੇਸ ਦੇਸਾਂਤਰਾਂ ਦੇ ਤੀਰਥਾਂ ਤੇ ਮੰਦਰਾਂ ਵਲ ਭਟਕਣ ਦੇ ਥਾਂ ਰਾਮ ਨੂੰ ਆਪਣੇ ਸਰੀਰ ਵਿਚ ਹੀ ਲੱਭ ਲੈਂਦਾ ਹੈ। ਸੋ, ਉਸ ਰਾਮ ਨੂੰ ਆਪਣੇ ਸਰੀਰ ਦੇ ਅੰਦਰ ਲੱਭੋ, ਇਹੀ ਅਸਲ ਦੇਵਤੇ ਦੀ ਭਾਲ ਹੈ, ਇਹੀ ਅਸਲ ਮੰਦਰ ਹੈ, ਇਹੀ ਅਸਲ ਪੂਜਾ ਹੈ। ਪਰ ਉਸ ਪਰਮ-ਤੱਤ (ਪਰਮਾਤਮਾ) ਨੂੰ ਨਿਰਾ ਆਪਣੇ ਸਰੀਰ ਵਿਚ ਹੀ ਨਾਹ ਸਮਝ ਰੱਖਣਾ, ਸਾਰੇ ਬ੍ਰਹਮੰਡ ਵਿਚ ਭੀ ਉਹੀ ਵੱਸਦਾ ਵੇਖੋ। ਇਹ ਸੂਝ ਸਤਿਗੁਰੂ ਪਾਸੋਂ ਮਿਲਦੀ ਹੈ।

ਭਗਤ ਜੀ ਨੇ ਇਸ ਸ਼ਬਦ ਵਿਚ ਹੇਠ-ਲਿਖੀਆਂ ਚਾਰ ਗੱਲਾਂ ਤੇ ਜ਼ੋਰ ਦਿੱਤਾ ਹੈ—(1) ਪਰਮਾਤਮਾ ਦੀ ਯਾਦ, ਸਾਧਾਰਨ ਯਾਦ ਨਹੀਂ ਸਗੋਂ ਪਰਮਾਤਮਾ ਦੀ ਦੁਹਾਈ ਪਰਮਾਤਮਾ ਦੀ ਤੀਬਰ ਯਾਦ; (2) ਪਰਮਾਤਮਾ ਦੀ ਯਾਦ ਹੀ ਅਸਲੀ ਦੇਵ-ਪੂਜਾ ਹੈ; (3) ਉਹ ਪਰਮਾਤਮਾ ਹਰੇਕ ਮਨੁੱਖ ਦੇ ਅੰਦਰ ਵੱਸਦਾ ਹੈ, ਸਾਰੀ ਸ੍ਰਿਸ਼ਟੀ ਵਿਚ ਭੀ ਵੱਸਦਾ ਹੈ, ਤੇ ਸਾਰੀ ਸ੍ਰਿਸ਼ਟੀ ਦਾ ਰਚਣਹਾਰਾ ਹੈ; (4) ਸਤਿਗੁਰੂ ਹੀ ਪਰਮਾਤਮਾ ਨਾਲ ਮਿਲਾਪ ਕਰਾ ਸਕਦਾ ਹੈ।

ਪਰ ਵਿਰੋਧੀ ਸੱਜਣ ਜੀ ਇਸ ਸ਼ਬਦ ਨੂੰ ਗੁਰਮਤਿ ਦੇ ਉਲਟ ਸਮਝਦੇ ਹੋਏ ਇਸ ਬਾਰੇ ਇਉਂ ਲਿਖਦੇ ਹਨ:-

"ਇਹ ਸ਼ਬਦ ਵੇਦਾਂਤ ਮਤ ਦਾ ਹੈ ਅਰੁ ਗੋਸਾਈਂ ਰਾਮਾਨੰਦ ਜੀ ਦੀ ਰਚਨਾ ਨਾਲ ਮਿਲਦਾ ਜੁਲਦਾ ਹੈ, ਮਾਨੋ, ਦੋਵੇਂ ਸ਼ਬਦ ਇੱਕ ਦੀ ਰਚਨਾ ਹਨ। ਭਗਤ ਜੀ ਕਾਇਆਂ ਵਿਚ ਰੱਬ ਮੰਨਦੇ ਹਨ। ਮੈਂ ਬ੍ਰਹਮ ਹਾਂ (ਅਹੰ ਬ੍ਰਹਮ ਅਸਮੀ) ਦਾ ਸਿੱਧਾਂਤ ਹੈ। ਇਸ ਸ਼ਬਦ ਅੰਦਰ ਪ੍ਰੇਮਾ ਭਗਤੀ ਦਾ ਲੇਸ ਬਿਲਕੁਲ ਨਹੀਂ, ਕੇਵਲ ਗਿਆਨ ਵਿਚਾਰ ਚਰਚਾ ਹੈ। ਵੇਦਾਂਤੀ ਮੂੰਹ ਜ਼ਬਾਨੀ ਲੇਖਾ ਪੱਤਾ ਨਿਬੇੜ ਕੇ ਆਪਣੇ ਆਪ ਨੂੰ ਹੀ ਰੱਬ ਕਲਪਤ ਕਰਦੇ ਹਨ, ਪਰ ਗੁਰਮਤਿ ਅੰਦਰ ਇਸ ਆਸ਼ੇ ਦਾ ਪੂਰਨ ਤੌਰ ਪਰ ਖੰਡਨ ਹੈ। ਵੇਦਾਂਤ ਮਤ ਹਉਮੈ ਹੰਕਾਰ ਦੀ ਗਠੜੀ ਹੈ। ਗੁਰਮਤਿ ਅਤੇ ਵੇਦਾਂਤ ਮਤ ਵਿਚ ਦਿਨ ਰਾਤ ਦਾ ਫ਼ਰਕ ਹੈ। "

ਸ਼ਬਦ ਦੇ ਵਿਰੁੱਧ ਉਸ ਸੱਜਣ ਜੀ ਨੇ ਦੋ ਇਤਰਾਜ਼ ਕੀਤੇ ਹਨ—(1) ਇਹ ਸ਼ਬਦ ਵੇਦਾਂਤ ਮਤ ਦਾ ਹੈ, ਭਗਤ ਜੀ ਕਾਇਆਂ ਵਿਚ ਰੱਬ ਮੰਨਦੇ ਹਨ, 'ਮੈਂ ਬ੍ਰਹਮ ਹਾਂ' ਦਾ ਸਿੱਧਾਂਤ ਹੈ। (2) ਇਸ ਸ਼ਬਦ ਅੰਦਰ ਪ੍ਰੇਮਾ ਭਗਤੀ ਦਾ ਲੇਸ ਬਿਲਕੁਲ ਨਹੀਂ।

ਇਤਰਾਜ਼ ਕਰਨ ਵਾਲੇ ਸੱਜਣ ਜੀ ਨੇ ਇਤਰਾਜ਼ ਕਰਨ ਵਿਚ ਕੁਝ ਕਾਹਲੀ ਕਰ ਵਿਖਾਈ ਹੈ। ਇਹਨਾਂ ਨੂੰ ਤਾਂ 'ਪ੍ਰੇਮਾ ਭਗਤੀ ਦਾ ਲੇਸ' ਭੀ ਨਹੀਂ ਲੱਭਾ, ਪਰ ਭਗਤ ਜੀ ਨੇ 'ਰਹਾਉ' ਦੀ ਤੁਕ ਵਿਚ ਸ਼ਬਦ ਦਾ ਮੁੱਖ ਭਾਵ ਹੀ ਇਹ ਆਖਿਆ ਹੈ ਕਿ ਮੰਦਰ ਵਿਚ ਜਾ ਕੇ ਮੂਰਤੀ-ਪੂਜਾ ਕਰਨ ਦੇ ਥਾਂ ਆਪਣੇ ਸਰੀਰ ਦੇ ਅੰਦਰ "ਰਾਮ ਕੀ ਦੁਹਾਈ" ਮਚਾ ਦਿਉ, ਇਤਨੀ ਤੀਬਰ ਯਾਦ ਵਿਚ ਜੁੜੋ ਕਿ ਕਿਸੇ ਅਨ-ਪੂਜਾ ਦਾ ਫੁਰਨਾ ਉੱਠੇ ਹੀ ਨਾਹ, ਅੰਦਰ ਰਾਮ ਹੀ ਰਾਮ ਦੀ ਲਿਵ ਬਣ ਜਾਏ।

ਇਤਰਾਜ਼ ਕਰਨ ਵਾਲੇ ਸੱਜਣ ਜੀ ਨੂੰ ਇਥੇ ਵੇਦਾਂਤ ਮਤ ਦਿੱਸਿਆ ਹੈ, ਪਰ ਭਗਤ ਜੀ ਨੇ ਆਪਣੇ ਰੱਬ ਬਾਰੇ ਤਿੰਨ ਗੱਲਾਂ ਸਾਫ਼ ਆਖੀਆਂ ਹਨ—ਉਹ ਰੱਬ ਮਨੁੱਖਾ ਸਰੀਰ ਵਿਚ ਵੱਸਦਾ ਹੈ, ਉਹ ਪ੍ਰਭੂ ਸਾਰੇ ਬ੍ਰਹਮੰਡ ਵਿਚ ਵੱਸਦਾ ਹੈ, ਤੇ ਉਹ ਪਰਮਾਤਮਾ "ਪਰਮ ਤਤੁ" ਹੈ, ਭਾਵ ਸਾਰੀ ਰਚਨਾ ਦਾ ਮੂਲ-ਕਾਰਨ ਹੈ, ਬ੍ਰਹਮੰਡ ਵਿਚ ਨਿਰਾ ਵੱਸਦਾ ਹੀ ਨਹੀਂ ਹੈ, ਬ੍ਰਹਮੰਡ ਨੂੰ ਬਨਾਣ ਵਾਲਾ ਭੀ ਹੈ।

ਚੰਗਾ ਹੋਵੇ ਜੇ ਅਸੀਂ ਕਿਸੇ ਪੱਖ-ਪਾਤ ਵਿਚ ਆ ਕੇ ਕਾਹਲੀ ਨਾਲ ਮੂੰਹ ਨਾਹ ਮੋੜਦੇ ਜਾਈਏ। ਸਮਾ ਦੇ ਕੇ ਸਹਿਜੇ ਸਹਿਜੇ ਸਾਂਝ ਪਾਓ, ਇਸ ਸ਼ਬਦ ਵਿਚ ਤੇ ਗੁਰਮਤਿ ਵਿਚ ਕੋਈ ਫ਼ਰਕ ਨਹੀਂ ਦਿੱਸੇਗਾ।